27-Nov_Punjab-3-10-9--3-Star.qxd 11/27/2025 8:37 PM Page 3

ਪੰਜਾਬ ਦੀਆਂ ਸਹਿਕਾਰੀ ਬੈਂਕਾਂ ਦਾ ਸਿਸਟਮ ਫੇਲ੍ਹ ਹੋਣ ਕਾਰਨ ਪਿਛਲੇ 9 ਦਿਨਾਂ ਤੋਂ ਲੈਣ-ਦੇਣ ਹੋਇਆ ਠੱਪ

ਬੈਂਕਾਂ ਦੇ ਸਾਫਟਵੇਅਰ ਅਪਡੇਟ ਕਾਰਨ ਸਮੇਂ ਪਿਆ ਕੋਈ ਵੱਡਾ ਤਕਨੀਕੀ ਨੁਕਸ

- ਲੁਧਿਆਣਾ ਜ਼ਿਲ੍ਹੇ ਦੀਆਂ ਸਹਿਕਾਰੀ ਬੈਂਕਾਂ ਅਤੇ 800 ਤੋਂ ਵੱਧ ਸੁਸਾਇਟੀਆਂ ਦਾ ਕੰਮ ਮੁਕੰਮਲ ਬੰਦ

ਜਗਰਾਉਂ, 27 ਨਵੰਬਰ (ਗੁਰਦੀਪ ਸਿੰਘ ਮਲਕ)-ਪੰਜਾਬ ਦੇ ਕਿਸਾਨਾਂ ਦੀ ਰੀੜ੍ਹ ਦੀ ਹੱਡੀ ਵਜੋਂ ਜਾਣੀ ਜਾਂਦੀ ਲੁਧਿਆਣਾ ਸੈਂਟਰਲ ਕੋਆਪ੍ਰੇਟਿਵ ਬੈਂਕ ਦੇ ਸਾਫਟਵੇਅਰ ਸਿਸਟਮ ਨੂੰ ਅੱਪਡੇਟ ਕਰਨ ਦਾ ਕੰਮ ਸੂਬਾ ਸਰਕਾਰ ਵਲੋਂ ਕਿਸੇ ਨਵੀਂ ਨਿੱਜੀ ਕੰਪਨੀ ਤੋਂ ਕਰਵਾਏ ਜਾਣ ਦਾ ਹਰਜਾਨਾ ਸਮੁੱਚੇ ਪੰਜਾਬ ਖਾਸਕਰ ਜ਼ਿਲ੍ਹਾ ਲੁਧਿਆਣਾ ਦੇ ਕਿਸਾਨਾਂ ਅਤੇ ਸਹਿਕਾਰੀ ਬੈਂਕਾਂ ਦੇ ਗਾਹਕਾਂ ਨੂੰ ਕਈ ਦਿਨਾਂ ਤੋਂ ਭੁਗਤਣਾ ਪੈ ਰਿਹਾ ਹੈ। ਜਿਸ ਕਾਰਨ ਕੋਆਪ੍ਰੇਟਿਵ ਬੈਂਕਾਂ 'ਤੇ ਨਿਰਭਰ ਹਾੜ੍ਹੀ ਦੀ ਫ਼ਸਲ ਬੀਜਣ ਦੀ ਤਿਆਰੀ ਕਰ ਰਹੇ ਕਿਸਾਨਾਂ ਨੂੰ ਨਾ ਤਾਂ ਸੁਸਾਇਟੀਆਂ ਤੋਂ ਪੈਸਾ ਮਿਲ ਰਿਹਾ ਹੈ ਨਾ ਹੀ ਖਾਦ, ਜਿਸ ਕਾਰਨ ਕਿਸਾਨਾਂ ਵਿਚ ਹਾਹਾਕਾਰ ਮੱਚੀ ਪਈ ਹੈ, ਜੋ ਕਿ ਸਹਿਕਾਰੀ ਬੈਂਕਾਂ ਅਤੇ ਸੁਸਾਇਟੀਆਂ ਤੋਂ ਪੈਸੇ ਲੈਣ ਲਈ ਚੱਕਰ ਕੱਢ ਰਹੇ ਹਨ। ਪਰ ਸਾਫਟਵੇਅਰ ਅੱਪਡੇਟ ਕਰਨ ਵਾਲਿਆਂ ਦੀ ਨਲਾਇਕੀ ਕਾਰਨ ਪਿਛਲੇ ਪੂਰੇ 9 ਦਿਨ ਤੋਂ ਸਹਿਕਾਰੀ ਬੈਂਕਾਂ ਅਤੇ ਸਹਿਕਾਰੀਆਂ ਸੁਸਾਇਟੀਆਂ ਦਾ ਸਿਸਟਮ ਠੱਪ ਹੋਣ ਕਾਰਨ ਕਿਸਾਨਾਂ ਅਤੇ ਹੋਰ ਖਪਤਕਾਰਾਂ ਨੂੰ ਪੈਸਿਆਂ ਦੀ ਅਦਾਇਗੀ ਨਹੀਂ ਹੋ ਰਹੀ। ਲੁਧਿਆਣਾ ਸੈਂਟਰਲ ਬੈਂਕ ਦੇ ਅਧਿਕਾਰੀਆਂ ਅਨੁਸਾਰ ਸਾਫਟਵੇਅਰ ਦੀ ਖਰਾਬੀ ਕਾਰਨ ਸਮੁੱਚੇ ਪੰਜਾਬ ਦੀਆਂ ਸਹਿਕਾਰੀ ਬੈਂਕਾਂ ਅਤੇ ਸੁਸਾਇਟੀ ਦਾ ਕੰਮ ਪ੍ਰਭਾਵਿਤ ਹੋਇਆ ਹੈ ਪਰ ਲੁਧਿਆਣਾ ਜ਼ਿਲ੍ਹੇ ਦੀਆਂ ਬੈਂਕਾਂ, ਏ.ਟੀ.ਐੱਮ. ਮਸ਼ੀਨਾਂ ਅਤੇ 800 ਤੋਂ ਵੱਧ ਕੋਆਪ੍ਰਟਿਵ ਸੁਸਾਇਟੀਆਂ ਦੀਆਂ ਦੇਣਦਾਰੀਆਂ, ਕਰਜ਼ੇ ਆਦਿ ਦਾ ਕੰਮ 9 ਦਿਨ ਤੋਂ ਮੁਕੰਮਲ ਠੱਪ ਹੋਇਆ ਪਿਆ ਹੈ । ਇਸ ਸਬੰਧੀ ਪ੍ਰਾਪਤ ਜਾਣਕਾਰੀ ਅਨੁਸਾਰ ਲੁਧਿਆਣਾ ਸੈਂਟਰਲ ਕੋਆਪ੍ਰਟਿਵ ਬੈਂਕ ਦੇ ਸਾਫਟਵੇਅਰ ਨੂੰ ਫਿਨਾਕਲ 7 ਤੋਂ ਫਿਨਾਕਲ 10 ਅੱਪਗ੍ਰੇਡ ਕੀਤਾ ਜਾਣਾ ਸੀ, ਜਿਸਦਾ ਠੇਕਾ ਕਿਸੇ ਨਵੀਂ ਸਾਫਟਵੇਅਰ ਕੰਪਨੀ ਨੂੰ ਦਿੱਤਾ ਗਿਆ ਸੀ, ਜਿਸ ਵਲੋਂ ਸਿਸਟਮ ਨੂੰ 2 ਦਿਨਾਂ ਵਿਚ ਅਪਗ੍ਰੇਡ ਕੀਤਾ ਜਾਣ ਸੀ, ਪਰ ਅਪਗ੍ਰੇਡ ਕਾਰਨ ਮੌਕੇ ਵਰਤੀ ਗਈ ਕਿਸੇ ਵੱਡੀ ਅਣਗਹਿਲੀ ਸਦਕਾ ਇਸ ਅਦਾਰੇ ਦਾ ਸਿਸਟਮ ਪਿਛਲੇ 9 ਦਿਨ ਤੋਂ ਬੰਦ ਹੋ ਗਿਆ। ਜਿਸ ਕਾਰਨ ਨਗਦੀ ਕਰਜ਼ੇ ਅਤੇ ਖਾਦ ਨੂੰ ਤਾਂ ਮੁਕੰਮਲ ਬ੍ਰੇਕਾਂ ਲੱਗ ਗਈਆਂ ਅਤੇ ਬੈਂਕਾਂ ਤੋਂ ਨਗਦੀ ਦੇਣ ਦਾ ਕੰਮ ਵੀ ਬੰਦ ਹੋ ਗਿਆ। ਇਸ ਸਬੰਧੀ ਲੁਧਿਆਣਾ ਸੈਂਟਰਲ ਕੋਆਪ੍ਰੇਟਿਵ ਬੈਂਕ ਲੁਧਿਆਣਾ ਦੇ ਡੀ.ਐੱਮ. ਮਨੋਜ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸਾਫਟਵੇਅਰ ਨੂੰ ਅੱਪਗ੍ਰੇਡ ਕਾਰਨ ਮੌਕੇ ਕੋਈ ਤਕਨੀਕੀ ਖਰਾਬੀ ਆਉਣ ਕਾਰਨ ਪਿਛਲੇ 9 ਦਿਨ ਤੋਂ ਕੰਮਕਾਜ ਪ੍ਰਭਾਵਿਤ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹ ਤਕਨੀਕੀ ਖਰਾਬੀ ਪਿਛੇ ਤੋਂ ਹੀ ਆਈ ਹੈ ਅਤੇ ਜਿਸ ਕਾਰਨ ਸਮੱਸਿਆ ਆ ਰਹੀ ਹੈ, ਜਿਸਨੂੰ ਠੀਕ ਕਰਨ ਲਈ ਮਾਹਿਰਾਂ ਦੀ ਟੀਮਾਂ ਦਿਨ ਰਾਤ ਕੰਮ ਕਰ ਰਹੀਆਂ ਹਨ ਅਤੇ 2-3 ਦਿਨਾਂ ਤੱਕ ਸਿਸਟਮ ਸਹੀ ਹੋਣ ਦੀ ਉਮੀਦ ਹੈ। ਉਧਰ ਸਹਿਕਾਰੀ ਸਭਾਵਾਂ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਦਲੀਪ ਸਿੰਘ ਭੈਣੀ, ਤਲਵਾੜਾ ਕੋਆਪ੍ਰੇਟਿਵ ਸੁਸਾਇਟੀ ਦੇ ਪ੍ਰਧਾਨ ਰਛਪਾਲ ਸਿੰਘ ਤਲਵਾੜਾ ਨੇ ਕਿਹਾ ਕਿ ਇਹ ਪੰਜਾਬ ਸਰਕਾਰ ਦੀ ਇਹ ਨਲਾਇਕੀ ਕਾਰਨ ਹੋਇਆ ਹੈ।

ਲੁਧਿਆਣਾ ਸੈਂਟਰਲ ਕੋਆਪ੍ਰੇਟਿਵ ਬੈਂਕ ਦਾ ਕੰਮਕਾਜ ਠੱਪ ਹੋਣ ਕਾਰਨ ਜਗਰਾਉਂ ਸ਼ਹਿਰ 'ਚ ਸਥਿਤ ਲੁਧਿਆਣਾ ਸੈਂਟਰਲ ਕੋਆਪ੍ਰੇਟਿਵ ਬੈਂਕ ਦੀ ਬੰਦ ਪਈ ਬ੍ਰਾਂਚ ਦਾ ਬਾਹਰੀ ਦ੍ਰਿਸ਼। ਤਸਵੀਰ: ਗੁਰਦੀਪ ਸਿੰਘ ਮਲਕ

ਵੱਖ-ਵੱਖ ਇਲਾਕਿਆਂ ਤੋਂ ਦੋ ਨਾਬਾਲਗ ਲੜਕੀਆਂ ਸਮੇਤ ਤਿੰਨ ਨੂੰ ਵਰਗਲਾਇਆ

ਲੁਧਿਆਣਾ, 27 ਨਵੰਬਰ (ਆਹੂਜਾ)- ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚੋਂ ਦੋ ਨਬਾਲਗ ਲੜਕੀਆਂ ਸਮੇਤ ਤਿੰਨ ਲੜਕੀਆਂ ਨੂੰ ਦੇ ਮਾਮਲੇ ਸਾਹਮਣੇ ਆਏ ਹਨ। ਜਾਣਕਾਰੀ ਅਨੁਸਾਰ ਪਹਿਲੇ ਮਾਮਲੇ ਵਿਚ ਪੁਲਿਸ ਨੇ ਅਰਜੁਨ ਕੁਮਾਰ ਵਾਸੀ ਫੌਜੀ ਕਲੋਨੀ ਦੀ ਸ਼ਿਕਾਇਤ 'ਤੇ ਸੰਨੀ ਕੁਮਾਰ ਵਾਸੀ ਪਿੰਡ ਗੋਬਿੰਦਗੜ੍ਹ ਖਿਲਾਫ ਕੇਸ ਦਰਜ ਕੀਤਾ ਹੈ। ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿਚ ਸ਼ਿਕਾਇਤ ਕਰਤਾ ਨੇ ਉਕਤ ਕਥਿਤ ਦੋਸ਼ੀ ਉੱਤੇ ਉਸਦੀ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਵਰਗਲਾਉਣ ਦਾ ਦੋਸ਼ ਲਗਾਇਆ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਦੂਜੇ ਮਾਮਲੇ ਵਿਚ ਪੁਲਿਸ ਨੇ ਅਲਕਾ ਵਾਸੀ ਜਗੀਰ ਕੋਪੁਰ ਰੋਡ ਖਿਲਾਫ ਕੇਸ ਦਰਜ ਕੀਤਾ ਹੈ। ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿੱਚ ਸਕਾਇਤ ਕਰਤਾ ਨੇ ਉਕਤ ਕਥਿਤ ਦੋਸ਼ੀ ਉੱਤੇ ਅਣਪਛਾਤੇ ਨੌਜਵਾਨ ਵਲੋਂ ਉਸਦੀ 17 ਸਾਲ ਦੀ ਲੜਕੀ ਨੂੰ ਵਰਗਲਾਉਣ ਦਾ ਦੋਸ਼ ਲਗਾਇਆ। ਤੀਜੇ ਮਾਮਲੇ ਵਿੱਚ ਸਥਾਨਕ ਸ਼੍ਰੀ ਇਨਕਲੇਵ ਕਲੋਨੀ ਤੋਂ ਵੀ ਅਣਪਛਾਤੇ ਨੌਜਵਾਨ ਵਲੋਂ ਵਰਿੰਦਰ ਕੁਮਾਰ ਦੀ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਵਰਗਲਾ ਲਿਆ ਗਿਆ ਪੁਲਿਸ ਵਲੋਂ ਇਨ੍ਹਾਂ ਮਾਮਲਿਆਂ ਵਿਚ ਕੇਸ ਦਰਜ ਕਰ ਲਿਆ ਹੈ ਪਰ ਹਾਲ ਦੀ ਘੜੀ ਇਨ੍ਹਾਂ ਮਾਮਲਿਆਂ ਵਿਚ ਪੁਲਿਸ ਨੂੰ ਕੋਈ ਸਫਲਤਾ ਨਹੀਂ ਮਿਲੀ ਹੈ।

ਮੁਲਾਜ਼ਮ ਜਥੇਬੰਦੀ ਦੇ ਆਗੂ ਤੇ ਮੈਂਬਰ ਕੇਂਦਰ ਸਰਕਾਰ ਖਿਲਾਫ ਅਰਥੀ ਫੂਕ ਮੁਜ਼ਾਹਰਾ ਕਰਦੇ ਹੋਏ। ਤਸਵੀਰ-ਸੇਵਕ ਸਿੰਘ

ਬਿਜਲੀ ਮੁਲਾਜ਼ਮਾਂ ਵਲੋਂ ਕੇਂਦਰ ਸਰਕਾਰ ਖ਼ਿਲਾਫ਼ ਅਰਥੀ ਫੂਕ ਮੁਜ਼ਾਹਰਾ

ਲੁਧਿਆਣਾ, 27 ਨਵੰਬਰ (ਜਤਿੰਦਰ ਭੰਬੀ)-ਕੇਂਦਰ ਦੀ ਮੋਦੀ ਸਰਕਾਰ ਵਲੋਂ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਹਾਲ ਹੀ 'ਚ ਲਾਗੂ ਕੀਤੇ 4 ਲੇਬਰ ਕੋਡਾਂ ਨੂੰ ਵਾਪਸ ਲੈਣ ਦੀ ਮੰਗ ਕਰਦਿਆਂ ਅਤੇ ਜਲਦ ਲਾਗੂ ਕੀਤੇ ਜਾਣੇ ਵਾਲੇ ਬਿਜਲੀ ਬਿੱਲ 2025 ਦਾ ਵਿਰੋਧ ਕਰਦਿਆਂ ਪੰਜਾਬ ਭਰ ਦੇ ਬਿਜਲੀ ਮੁਲਾਜ਼ਮਾਂ ਵਲੋਂ ਬਿਜਲੀ ਏਕਤਾ ਮੰਚ, ਜੁਆਇੰਟ ਫੋਰਮ, ਏ ਓ ਜੇ ਈ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ ਅਤੇ ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੇ ਸਾਂਝੇ ਸੱਦੇ ਉੱਤੇ ਗੇਟ ਰੈਲੀਆਂ ਕਰਨ ਉਪਰੰਤ ਕੇਂਦਰ ਸਰਕਾਰ ਦੀ ਅਰਥੀ ਫੂਕ ਮੁਜ਼ਾਹਰਾ ਕੀਤਾ । ਸੁੰਦਰ ਨਗਰ ਡਵੀਜ਼ਨ ਵਿਚ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਡਵੀਜ਼ਨ ਸਕੱਤਰ ਦੀਪਕ ਕੁਮਾਰ, ਟੀ ਐਸ ਯੂ ਦੇ ਡਵੀਜ਼ਨ ਪ੍ਰਧਾਨ ਧਰਮਪਾਲ, ਇੰਪਲਾਈਜ ਫੈਡਰੇਸ਼ਨ ਪਹਿਲਵਾਨ ਦੇ ਜ਼ੋਨ ਆਗੂ ਸਰਤਾਜ ਸਿੰਘ ਅਤੇ ਐਮ ਐਸ ਯੂ ਦੇ ਡਵੀਜ਼ਨ ਆਗੂ ਕੁਲਵੀਰ ਸਿੰਘ ਵਲੋਂ ਅਰਥੀ ਫੂਕ ਮੁਜ਼ਾਹਰੇ ਵਿਚ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਜ਼ਿਲ੍ਹਾ ਆਗੂ ਗੁਰਪ੍ਰੀਤ ਸਿੰਘ ਮਹਿਦੂਦਾਂ ਅਤੇ ਟੀ ਐਸ ਯੂ ਦੇ ਸਰਕਲ ਪੂਰਬੀ ਦੇ ਪ੍ਰਧਾਨ ਗੌਰਵ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ 29 ਨਵੰਬਰ ਨੂੰ ਪੰਜਾਬ ਭਰ ਦੀਆਂ ਬਿਜਲੀ ਮੁਲਾਜਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਇਸੜੂ ਭਵਨ ਵਿਖੇ ਹੋ ਰਹੀ ਹੈ। ਇਸ ਮੌਕੇ ਜਥੇਬੰਦੀ ਦੇ ਡਵੀਜ਼ਨ ਪ੍ਰਧਾਨ ਅਵਤਾਰ ਸਿੰਘ ਰਾਮਗੜ੍ਹ ਵੀ ਸਾਥੀਆਂ ਸਮੇਤ ਪੁੱਜੇ। ਇਸ ਮੌਕੇ ਅਮਰਜੀਤ ਸਿੰਘ, ਕਮਲਦੀਪ ਸਿੰਘ ਰਣੀਆ, ਰਾਮਦਾਸ, ਜਸਵਿੰਦਰ ਸਿੰਘ ਪ੍ਰਕਾਸ਼ ਚੰਦ, ਰਾਮ ਅਵਧ, ਵਿਨੋਦ ਕੁਮਾਰ, ਨਿਰਮਲ ਸਿੰਘ, ਸ਼ਿਵ ਕੁਮਾਰ, ਅਕਾਸ਼ ਸਿਨਹਾ, ਜਸਵੀਰ ਸਿੰਘ ਹਾਜ਼ਰ ਸਨ।

ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦਾਦ ਵਿਖੇ ਸ਼ਹੀਦੀ ਦਿਹਾੜਾ ਮਨਾਇਆ

ਫੁੱਲਾਂਵਾਲ, 27 ਨਵੰਬਰ (ਮਨਜੀਤ ਸਿੰਘ ਦੁੱਗਰੀ)-ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦਾਦ ਵਿਖੇ ਸ਼ਰਧਾ ਪੂਰਵਕ ਮਨਾਇਆ ਗਿਆ। ਸ਼ਹੀਦੀ ਦਿਹਾੜਾ ਮਨਾਉਣ ਲਈ ਸਕੂਲ ਵਿਚ ਵਿਦਿਆਰਥੀਆਂ ਨੇ ਗੁਰੂ ਜੀ ਨਾਲ ਸੰਬੰਧਿਤ ਕਵਿਤਾਵਾਂ ਅਤੇ ਭਾਸ਼ਣ ਸੁਣਾ ਕੇ ਵਿਦਿਆਰਥੀਆਂ ਵਿਚ ਜੋਸ਼ ਭਰ ਦਿੱਤਾ । ਇਸ ਦੌਰਾਨ ਸਕੂਲ ਪ੍ਰਿੰਸੀਪਲ ਰੁਪਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੱਚੇ ਮਾਰਗ ਲਈ ਗੁਰੂ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੁਆਰਾ ਦਿੱਤੀ ਦਿੱਤੀ ਗਈ ਸ਼ਹਾਦਤ ਨੂੰ ਹਮੇਸ਼ਾ ਯਾਦ ਰੱਖਣ ਲਈ ਪ੍ਰੇਰਿਤ ਕੀਤਾ ।

ਡਿਪਟੀ ਕਮਿਸ਼ਨਰ, ਲੁਧਿਆਣਾ ਦੇ ਦਫ਼ਤਰ ਮੂਹਰੇ ਟਰੇਡ ਯੂਨੀਅਨਾਂ ਦੇ ਆਗੂ ਮਜ਼ਦੂਰ ਵਿਰੋਧੀ ਕੋਡਾਂ ਦੇ ਇੱਕਤਰਫ਼ਾ ਲਾਗੂ ਕੀਤੇ ਨੋਟੀਫ਼ਿਕੇਸ਼ਨ ਦੀਆਂ ਕਾਪੀਆਂ ਸਾੜਦੇ ਹੋਏ। ਅਜੀਤ ਤਸਵੀਰ

ਟਰੇਡ ਯੂਨੀਅਨਾਂ ਨੇ ਡੀ.ਸੀ. ਦਫ਼ਤਰ ਮੂਹਰੇ ਨੋਟੀਫ਼ਿਕੇਸ਼ਨ ਦੀਆਂ ਸਾੜੀਆਂ ਕਾਪੀਆਂ

ਲੁਧਿਆਣਾ, 27 ਨਵੰਬਰ (ਡਾ. ਤਰਲੋਚਨ ਸਿੰਘ)-ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਵਲੋਂ ਦੇਸ਼-ਵਿਆਪੀ ਸੱਦੇ 'ਤੇ ਯੂਨਾਈਟਿਡ ਫ਼ਰੰਟ ਆਫ ਟਰੇਡ ਯੂਨੀਅਨਜ਼, ਲੁਧਿਆਣਾ ਵਲੋਂ ਅੱਜ ਲੇਬਰ ਕੋਡਾਂ ਦੇ ਵਿਰੋਧ ਵਿਚ ਰੋਸ ਪ੍ਰਦਰਸ਼ਨ ਕੀਤਾ ਅਤੇ ਮਜ਼ਦੂਰ ਵਿਰੋਧੀ ਕੋਡਾਂ ਦੇ ਇੱਕਤਰਫ਼ਾ ਲਾਗੂ ਕੀਤੇ ਨੋਟੀਫ਼ਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ।ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਨੂੰ ਪ੍ਰਧਾਨ ਮੰਤਰੀ ਦੇ ਨਾਂ ਮੰਗ ਪੱਤਰ ਦਿੱਤਾ ਗਿਆ । ਕੇਂਦਰੀ ਟਰੇਡ ਯੂਨੀਅਨਾਂ ਨੇ ਚੇਤਾਵਨੀ ਦਿੱਤੀ ਕਿ ਇਹ ਨੋਟੀਫ਼ਿਕੇਸ਼ਨ ਡੂੰਘੀ ਬੇਰੁਜ਼ਗਾਰੀ ਅਤੇ ਮੰਦੀ ਦੇ ਸਮੇਂ ਮਿਹਨਤਕਸ਼ਾਂ 'ਤੇ 'ਜੰਗ ਦਾ ਐਲਾਨ' ਹੈ। ਉਨ੍ਹਾਂ ਨੇ ਤੁਰੰਤ ਲੇਬਰ ਕੋਡ ਰੱਦ ਕਰਨ ਅਤੇ ਪੁਰਾਣੇ ਕਿਰਤ ਕਾਨੂੰਨ ਬਹਾਲ ਕਰਨ ਦੀ ਮੰਗ ਕੀਤੀ। ਬੁਲਾਰਿਆਂ ਨੇ ਕਿਹਾ ਕਿ ਇਹਨਾਂ ਕੋਡਾਂ ਦੇ ਵਿਰੁੱਧ ਲਗਾਤਾਰ ਸੰਘਰਸ਼ ਜਾਰੀ ਰੱਖਿਆ ਜਾਏਗਾ ਤੇ ਇਸ ਨੂੰ ਹੋਰ ਤਿੱਖਾ ਕੀਤਾ ਜਾਏਗਾ । ਕਾਰਵਾਈ ਦੀ ਅਗਵਾਈ ਏਟਕ, ਇੰਟਕ, ਸੀਟੂ ਅਤੇ ਸੀ.ਟੀ.ਯੂ. ਪੰਜਾਬ ਦੇ ਆਗੂਆਂ ਐਮ.ਐਸ. ਭਾਟੀਆ, ਗੁਰਜੀਤ ਸਿੰਘ ਜਗਪਾਲ, ਜਗਦੀਸ਼ ਚੰਦ, ਵਿਜੇ ਕੁਮਾਰ ਸਰਬਜੀਤ ਸਿੰਘ ਸਰਹਾਲੀ ਅਤੇ ਪਰਮਜੀਤ ਸਿੰਘ ਨੇ ਕੀਤੀ। ਇਸ ਮੌਕੇ ਕਈ ਹੋਰ ਯੂਨੀਅਨ ਆਗੂ ਵੀ ਮੌਜੂਦ ਸਨ।

ਕਾਬੂ ਕੀਤੇ ਕਥਿਤ ਦੋਸ਼ੀਆਂ ਬਾਰੇ ਜਾਣਕਾਰੀ ਦਿੰਦੇ ਹੋਏ ਪੁਲਿਸ ਅਧਿਕਾਰੀ। ਅਜੀਤ ਤਸਵੀਰ

ਰੇਲ ਗੱਡੀਆਂ ਵਿਚ ਚੋਰੀ ਕਰਨ ਵਾਲੇ ਗਰੋਹ ਦਾ ਸਰਗਨਾ ਕਾਬੂ

ਲੁਧਿਆਣਾ, 27 ਨਵੰਬਰ (ਪਰਮਿੰਦਰ ਸਿੰਘ ਆਹੂਜਾ)-ਰੇਲਵੇ ਪੁਲਿਸ ਨੇ ਰੇਲਵੇ ਵਿਚ ਚੋਰੀਆਂ ਕਰਨ ਵਾਲੇ ਇਕ ਖਤਰਨਾਕ ਗਰੋਹ ਦੇ ਸਰਗਨੇ ਨੂੰ ਕਾਬੂ ਕੀਤਾ ਹੈ। ਜਾਣਕਾਰੀ ਦਿੰਦਿਆਂ ਐਸਐਚਓ ਪਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਕਾਬੂ ਕੀਤੇ ਗਏ ਕਥਿਤ ਦੋਸ਼ੀ ਦੀ ਸ਼ਨਾਖਤ ਲੱਕੀ ਵਜੋਂ ਕੀਤੀ ਗਈ ਹੈ, ਉਹ ਜਵਾਹਰ ਨਗਰ ਕੈਂਪ ਦਾ ਰਹਿਣ ਵਾਲਾ ਹੈ। ਪੁਲਿਸ ਨੇ ਉਸ ਦੇ ਕਬਜ਼ੇ ਵਿੱਚੋਂ ਦੋ ਮੋਬਾਇਲ ਬਰਾਮਦ ਕੀਤੇ ਹਨ ਜੋ ਕਿ ਉਸਨੇ ਮੁਸਾਫਰਾਂ ਤੇ ਚੋਰੀ ਕੀਤੇ ਸਨ। ਪੁਲਿਸ ਨੇ ਉਸ ਖਿਲਾਫ ਕੇਸ ਦਰਜ ਕਰ ਲਿਆ ਅਤੇ ਪੁੱਛ ਪੜਤਾਲ ਕੀਤੀ ਜਾ ਰਹੀ ਹੈ। ਕਈ ਹੋਰ ਪ੍ਰਗਟਾਵੇ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਜੇਕਰ ਕੋਈ ਹੋਰ ਦੋਸ਼ੀ ਪਾਇਆ ਗਿਆ ਤਾਂ ਉਸ ਖਿਲਾਫ ਵੀ ਸਖਤ ਕਾਰਵਾਈ ਕੀਤੀ ਜਾਵੇਗੀ।

ਨਗਰ ਸੁਧਾਰ ਟਰੱਸਟ ਵੀ ਨਗਰ ਨਿਗਮ ਦੀ ਰਾਹ 'ਤੇ

*** ਇੰਪਰੂਵਮੈਂਟ ਟਰੱਸਟ ਵਲੋਂ ਨਹੀਂ ਕੀਤੀ ਜਾ ਰਹੀ ਹੈ ਸ਼ਹੀਦ ਭਗਤ ਸਿੰਘ 475 ਏਕੜ ਸਕੀਮ 'ਚ ਬਣ ਰਹੀ ਗੈਰ-ਕਾਨੂਨੀ ਉਸਾਰੀ ਖਿਲਾਫ ਕਾਰਵਾਈ * ਇਲਾਕਾ ਨਿਵਾਸੀਆਂ 'ਚ ਰੋਸ**

ਲੁਧਿਆਣਾ, 27 ਨਵੰਬਰ (ਭੁਪਿੰਦਰ ਸਿੰਘ ਬੈਂਸ)-ਇੰਪਰੂਵਮੈਂਟ ਟਰੱਸਟ ਵਲੋਂ ਸ਼ਹੀਦ ਭਗਤ ਸਿੰਘ 475 ਏਕੜ ਸਕੀਮ 'ਚ ਬਣ ਰਹੀ ਇਕ ਗੈਰ ਕਾਨੂੰਨੀ ਉਸਾਰੀ ਖਿਲਾਫ ਕਾਰਵਾਈ ਨਾ ਕਰਨ ਕਰਕੇ ਇਲਾਕਾ ਨਿਵਾਸੀਆਂ ਵਿਚ ਰੋਸ ਪਾਇਆ ਜਾ ਰਿਹਾ ਹੈ। ਹਾਲਾਂਕਿ ਟਰੱਸਟ ਦੇ ਚੇਅਰਮੈਨ ਵਲੋਂ ਉਕਤ ਮਾਮਲੇ ਦੀ ਜਾਂਚ ਦੇ ਹੁਕਮ ਤਾਂ ਜਰੂਰ ਦਿੱਤੇ ਗਏ ਹਨ, ਪਰ ਇਹ ਹੁਕਮ ਕੇਵਲ ਖਾਨਾਪੂਰਤੀ ਤਕ ਹੀ ਦਿਖਾਈ ਦੇ ਰਹੇ ਹਨ। ਇਲਾਕਾ ਨਿਵਾਸੀਆਂ ਦੇ ਦੱਸਿਆ ਕਿ ਉਨ੍ਹਾਂ ਵਲੋਂ ਉਕਤ ਮਾਮਲੇ ਨੂੰ ਲੈਕੇ ਟਰੱਸਟ ਦੇ ਚੇਅਰਮੈਨ ਨਾਲ ਮੁਲਾਕਾਤ ਵੀ ਕੀਤੀ ਗਈ ਤੇ ਉਨ੍ਹਾਂ ਵਲੋਂ ਉਕਤ ਮਾਮਲੇ ਨੂੰ ਲੈਕੇ ਟਾਲਮੋਟਲ ਦੀ ਨੀਤੀ ਹੀ ਅਪਣਾਈ ਗਈ। ਉਨ੍ਹਾਂ ਕਿਹਾ ਕਿ ਉਕਤ ਬਿਲਡਿੰਗ ਵਾਲਾ ਇਕ ਰਸੂਖਦਾਰ ਹੈ, ਜਿਸ ਵਲੋਂ ਕਥਿਤ ਤੌਰ 'ਤੇ ਅੰਦਰਖਾਤੇ ਟਰੱਸਟ ਦੇ ਅਧਿਕਾਰੀਆਂ ਨਾਲ ਸੈਟਿੰਗ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਚੇਅਰਮੈਨ ਵਲੋਂ ਵੀ ਇਸ ਮਾਮਲੇ 'ਚ ਟਾਲਮਟੋ